ਰੂਪਨਗਰ ਵਿਖੇ ਤਾਜਿਕਸਤਾਨ ਤੋਂ ਵਾਪਸ ਪਰਤੇ ਨੌਜਵਾਨਾਂ ਦਾ ਸਵਾਗਤ ਕਰ ਰਹੇ ਅਜੈਵੀਰ ਸਿੰਘ ਲਾਲਪੁਰਾ ਤੇ ਹੋਰ।

ਤਾਜਿਕਸਤਾਨ ਤੋਂ ਸੁਰੱਖਿਅਤ ਵਾਪਸ ਪਰਤੇ ਰੂਪਨਗਰ ਦੇ 7 ਨੌਜਵਾਨ

ਭਾਜਪਾ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਨੇ ਕੀਤਾ ਗਰਮਜੋਸ਼ੀ ਨਾਲ ਸਵਾਗਤ

ਰੂਪਨਗਰ, 28 ਅਕਤੂਬਰ (ਸਤਨਾਮ ਸਿੰਘ ਸੱਤੀ)- ਤਾਜਿਕਸਤਾਨ 'ਚ ਫਸੇ ਰੂਪਨਗਰ ਜ਼ਿਲ੍ਹੇ ਦੇ ਸੱਤ ਨੌਜਵਾਨਾਂ ਦੀ ਸੁਰੱਖਿਅਤ ਵਾਪਸੀ 'ਤੇ ਭਾਜਪਾ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਅਤੇ ਉਨ੍ਹਾਂ ਦੀ ਟੀਮ ਵਲੋਂ ਹੋਟਲ ਆਸ਼ੀਰਵਾਦ, ਰੂਪਨਗਰ ਵਿਚ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਨੌਜਵਾਨਾਂ ਦੀ ਘਰ ਵਾਪਸੀ ਨਾਲ ਇਲਾਕੇ 'ਚ ਖ਼ੁਸ਼ੀ ਅਤੇ ਰਾਹਤ ਦਾ ਮਾਹੌਲ ਬਣ ਗਿਆ ਹੈ। ਅਜੈਵੀਰ ਸਿੰਘ ਲਾਲਪੁਰਾ ਨੇ ਦੱਸਿਆ ਕਿ ਉਨ੍ਹਾਂ ਨੂੰ ਪਤਾ ਲੱਗਾ ਸੀ, ਕਿ ਰੂਪਨਗਰ ਜ਼ਿਲ੍ਹੇ ਦੇ ਸੱਤ ਨੌਜਵਾਨ ਨੌਕਰੀ ਦੇ ਝਾਂਸੇ 'ਚ ਤਾਜਿਕਸਤਾਨ ਪਹੁੰਚ ਗਏ ਸਨ, ਜਿੱਥੇ ਉਨ੍ਹਾਂ ਨੂੰ ਡਰਾਈਵਿੰਗ ਦੀ ਥਾਂ ਮਜ਼ਦੂਰੀ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਸੀ। ਇਸ ਸੰਵੇਦਨਸ਼ੀਲ ਮਾਮਲੇ ਨੂੰ ਦੇਖਦਿਆਂ ਉਨ੍ਹਾਂ ਨੇ ਤੁਰੰਤ ਵਿਦੇਸ਼ ਮੰਤਰਾਲੇ ਤੇ ਭਾਰਤੀ ਦੂਤਾਵਾਸ ਨਾਲ ਸੰਪਰਕ ਕੀਤਾ। ਕਈ ਦਿਨਾਂ ਦੇ ਯਤਨਾਂ ਅਤੇ ਕੇਂਦਰ ਸਰਕਾਰ ਦੀ ਤਤਪਰਤਾ ਨਾਲ ਸਾਰੇ ਨੌਜਵਾਨ ਸੁਰੱਖਿਅਤ ਤੌਰ 'ਤੇ ਵਤਨ ਪਰਤ ਆਏ। ਨੌਜਵਾਨਾਂ ਦੇ ਸਵਾਗਤ ਸਮਾਗਮ ਦੌਰਾਨ ਨੌਜਵਾਨਾਂ ਨੇ ਦੱਸਿਆ ਕਿ ਉਹ 40 ਦਿਨਾਂ ਤੱਕ ਤਾਜਿਕਸਤਾਨ 'ਚ ਫਸੇ ਰਹੇ, ਜਿੱਥੇ ਉਨ੍ਹਾਂ ਨੂੰ ਧੋਖਾਧੜੀ, ਧਮਕੀਆਂ ਅਤੇ ਖ਼ਰਾਬ ਸਹੂਲਤਾਂ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਕਿਹਾ ਕਿ ਜਦ ਉਨ੍ਹਾਂ ਨੂੰ ਪਤਾ ਲੱਗਿਆ ਕਿ ਭਾਰਤ ਸਰਕਾਰ ਅਤੇ ਲਾਲਪੁਰਾ ਜੀ ਉਨ੍ਹਾਂ ਦੀ ਮਦਦ ਲਈ ਕੋਸ਼ਿਸ਼ ਕਰ ਰਹੇ ਹਨ, ਤਾਂ ਉਮੀਦ ਦੀ ਕਿਰਨ ਜਗੀ। ਅਜੈਵੀਰ ਸਿੰਘ ਲਾਲਪੁਰਾ ਨੇ ਕਿਹਾ ਕਿ ਇਹ ਘਟਨਾ ਸਾਰੇ ਨੌਜਵਾਨਾਂ ਲਈ ਸਬਕ ਹੈ, ਕਿ ਵਿਦੇਸ਼ ਜਾਣ ਤੋਂ ਪਹਿਲਾਂ ਏਜੰਟਾਂ ਦੀ ਪੂਰੀ ਜਾਂਚ ਕਰੋ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਹਰ ਭਾਰਤੀ ਨਾਗਰਿਕ ਦੀ ਸੁਰੱਖਿਆ ਲਈ ਵਚਨਬੱਧ ਹੈ। ਇਸ ਮੌਕੇ ਜਗਦੀਸ਼ ਚੰਦਰ ਕਾਜਲਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਆਪਣੇ ਨਾਗਰਿਕਾਂ ਦੀ ਸੁਰੱਖਿਆ ਲਈ ਸੰਵੇਦਨਸ਼ੀਲ ਹੈ। ਇਸ ਮੌਕੇ ਕਈ ਭਾਜਪਾ ਨੇਤਾ ਅਤੇ ਪਰਿਵਾਰਕ ਮੈਂਬਰ ਮੌਜੂਦ ਸਨ।

ਬਾਜਵਾ ਦਾਮਿਨੀ ਡਿਵੈਲਪਰਜ਼ ਦੇ ਦੋ ਪ੍ਰਮੋਟਰਾਂ ਖ਼ਿਲਾਫ਼ ਧੋਖਾਧੜੀ ਦਾ ਮਾਮਲਾ ਦਰਜ

ਐੱਸ. ਏ. ਐੱਸ. ਨਗਰ, 28 ਅਕਤੂਬਰ (ਕਪਿਲ ਵਧਵਾ)-ਗ੍ਰੇਟਰ ਮੁਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਗਮਾਡਾ) ਵਲੋਂ ਬਾਜਵਾ ਦਾਮਿਨੀ ਡਿਵੈਲਪਰਜ਼ ਫਰਮ ਦੇ ਦੋ ਪ੍ਰਮੋਟਰਾਂ ਵਿਰੁੱਧ ਆਈ. ਪੀ. ਸੀ. ਦੀ ਧਾਰਾ 420 ਅਤੇ 120 (ਬੀ) ਤਹਿਤ ਧੋਖਾਧੜੀ ਅਤੇ ਸਾਂਝੀ ਸਾਜ਼ਿਸ਼ ਦੇ ਦੋਸ਼ਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ, ਜਿਨ੍ਹਾਂ ਦੀ ਗ੍ਰਿਫ਼ਤਾਰੀ ਅਜੇ ਬਾਕੀ ਹੈ। ਜਾਣਕਾਰੀ ਅਨੁਸਾਰ ਬਾਜਵਾ ਦਾਮੀਨੀ ਡਿਵੈਲਪਰਜ਼ ਨੂੰ ਸਾਲ 2014 ਵਿਚ ਸੈਕਟਰ-117 ਤੇ 74 ਏ ਪਿੰਡ ਬਲਿਆਲੀ ਮੁਹਾਲੀ ਵਿਖੇ 'ਸੰਨੀ ਬਸੰਤ' ਨਾਂਅ ਦੀ ਰਿਹਾਇਸ਼ੀ ਕਾਲੋਨੀ ਵਿਕਸਿਤ ਕਰਨ ਲਈ ਲਾਇਸੰਸ ਜਾਰੀ ਕੀਤਾ ਗਿਆ ਸੀ। ਲਾਇਸੰਸ ਅਨੁਸਾਰ ਪ੍ਰਮੋਟਰ ਨੂੰ 15 ਫ਼ੀਸਦੀ ਚਾਰਜਾਂ ਦੀ ਅਦਾਇਗੀ ਪਹਿਲਾਂ ਕਰਨ ਉਪਰੰਤ ਬਾਕੀ ਦੇ 85 ਫ਼ੀਸਦੀ ਚਾਰਜ ਅੱਧੇ ਸਾਲਾਂ ਦੀਆਂ ਕਿਸ਼ਤਾਂ ਦੇ ਰੂਪ ਵਿਚ ਜਮ੍ਹਾਂ ਕਰਵਾਉਣ ਦੀ ਸ਼ਰਤ ਤੈਅ ਹੋਈ ਸੀ। ਇਸ ਦੇ ਨਾਲ-ਨਾਲ 1995 ਦੇ ਪੀ. ਏ. ਪੀ. ਆਰ. ਐਕਟ ਤਹਿਤ ਪ੍ਰਮੋਟਰ ਨੂੰ ਗਰੰਟੀ ਜਾਂ ਪਲਾਟਾਂ ਦੀ ਹਾਈਪੋਥੀਕੇਸ਼ਨ ਫ਼ੀਸ ਜਮ੍ਹਾਂ ਕਰਵਾਉਣ ਦੀ ਸ਼ਰਤ ਰੱਖੀ ਗਈ ਸੀ। ਰਿਪੋਰਟ ਮੁਤਾਬਕ ਪ੍ਰਮੋਟਰ ਵਲੋਂ ਪੰਜ ਪਲਾਟ ਨੰ. 182, 183, 184, 185 ਅਤੇ 198 ਗਮਾਡਾ ਦੇ ਹੱਕ ਵਿਚ ਹਾਈਪੋਥੀਕੇਟ ਕੀਤੇ ਗਏ ਸਨ, ਪਰ ਬਾਅਦ ਵਿਚ ਪਤਾ ਚੱਲਿਆ ਕਿ ਇਹ ਪਲਾਟ ਮਿਸਟਰ ਜੌਏ ਗਰੀਨ ਹੋਮਜ਼ ਨਾਮਕ ਫਰਮ ਨੂੰ ਪਹਿਲਾਂ ਹੀ ਵੇਚੇ ਜਾ ਚੁੱਕੇ ਹਨ। ਇਸ ਸੰਬੰਧੀ ਜੌਏ ਗਰੀਨ ਹੋਮਜ਼ ਵਲੋਂ 12 ਸਤੰਬਰ 2024 ਨੂੰ ਗਮਾਡਾ ਨੂੰ ਸ਼ਿਕਾਇਤ ਦਿੱਤੀ ਗਈ ਸੀ, ਜਿਸ ਦੀ ਪੜਤਾਲ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਪ੍ਰਮੋਟਰ ਨੇ ਉਹੀ ਪਲਾਟ ਜੋ ਪਹਿਲਾਂ ਹੀ ਵੇਚੇ ਜਾ ਚੁੱਕੇ ਸਨ, ਨੂੰ ਦੁਬਾਰਾ ਗਮਾਡਾ ਦੇ ਹੱਕ ਵਿਚ ਗਿਰਵੀ (ਹਾਈਪੋਥੀਕੇਟ) ਕਰ ਦਿੱਤਾ ਗਿਆ, ਜਿਸ ਨਾਲ ਸਰਕਾਰੀ ਵਿਭਾਗ ਨਾਲ ਧੋਖਾਧੜੀ ਹੋਣ ਦੀ ਪੁਸ਼ਟੀ ਹੋਈ। ਗਮਾਡਾ ਵਲੋਂ ਪ੍ਰਾਪਤ ਰਿਪੋਰਟ ਅਨੁਸਾਰ ਇਹ ਪਲਾਟ ਰੈਵੀਨਿਊ ਰਿਕਾਰਡ ਅਨੁਸਾਰ ਪਹਿਲਾਂ ਹੀ ਮਾਰਕੀਟ 'ਚ ਵੇਚੇ ਹੋਏ ਦਰਜ ਹਨ। ਗਮਾਡਾ ਦੇ ਸੀਨੀਅਰ ਅਕਾਊਂਟ ਅਧਿਕਾਰੀ ਵਲੋਂ ਦਿੱਤੀ ਗਈ ਸ਼ਿਕਾਇਤ 'ਤੇ ਐਸ. ਐਸ. ਪੀ. ਮੁਹਾਲੀ ਦੇ ਨਿਰਦੇਸ਼ਾਂ 'ਤੇ ਥਾਣਾ ਫੇਜ਼-8 ਵਿਖੇ ਬਾਜਵਾ ਦਾਮਿਨੀ ਡਿਵੈਲਪਰਜ਼ ਨਾਲ ਜੁੜੇ ਦੋ ਵਿਅਕਤੀਆਂ ਵਿਰੁੱਧ ਧਾਰਾ 420 (ਧੋਖਾਧੜੀ) ਅਤੇ 120-ਬੀ (ਸਾਂਝੀ ਸਾਜ਼ਿਸ਼) ਹੇਠ ਮਾਮਲਾ ਦਰਜ ਕੀਤਾ ਗਿਆ। ਸੂਤਰਾਂ ਅਨੁਸਾਰ ਪੁਲਿਸ ਵਲੋਂ ਦੋਵਾਂ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ, ਜਦਕਿ ਮਾਮਲੇ ਦੀ ਹੋਰ ਜਾਂਚ ਸਥਾਨਕ ਪੁਲਿਸ ਅਧੀਨ ਚੱਲ ਰਹੀ ਹੈ। ਗਮਾਡਾ ਵਲੋਂ ਸਾਰੇ ਦਸਤਾਵੇਜ਼ ਤੇ ਸਬੂਤ ਪੁਲਿਸ ਨੂੰ ਸੌਂਪ ਦਿੱਤੇ ਗਏ ਹਨ।

ਚੇਅਰਮੈਨ ਅਨਿਲ ਠਾਕੁਰ ਦਾ ਰੂਪਨਗਰ ਪਹੁੰਚਣ 'ਤੇ ਸਵਾਗਤ ਕਰ ਰਹੇ ਵਪਾਰੀ ਆਗੂ।

ਪੰਜਾਬ ਸਰਕਾਰ ਵਪਾਰੀਆਂ ਤੇ ਉਦਯੋਗਪਤੀਆਂ ਲਈ ਹਾਂ-ਪੱਖੀ ਮਾਹੌਲ ਸਿਰਜਣ ਲਈ ਵਚਨਬੱਧ- ਚੇਅਰਮੈਨ ਅਨਿਲ ਠਾਕੁਰ

ਰੂਪਨਗਰ, 28 ਅਕਤੂਬਰ (ਸਤਨਾਮ ਸਿੰਘ ਸੱਤੀ)-ਪੰਜਾਬ ਰਾਜ ਵਪਾਰੀ ਕਮਿਸ਼ਨ ਦੇ ਚੇਅਰਮੈਨ ਅਨਿਲ ਠਾਕੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਪਾਰੀਆਂ ਅਤੇ ਉਦਯੋਗਪਤੀਆਂ ਲਈ ਹਾਂ-ਪੱਖੀ ਅਤੇ ਸੁਖਾਵਾਂ ਮਾਹੌਲ ਸਿਰਜਣ ਲਈ ਵਚਨਬੱਧ ਹੈ। ਉਹ ਅੱਜ ਰੂਪਨਗਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਵਪਾਰੀਆਂ ਅਤੇ ਉਦਯੋਗਿਕ ਇਕਾਈਆਂ ਨਾਲ ਮੀਟਿੰਗ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਪੁਰਾਣੇ ਬਕਾਏ ਕੇਸਾਂ ਦਾ ਨਿਪਟਾਰਾ ਕਰਨ ਲਈ 'ਵਨ ਟਾਈਮ ਸੈਟਲਮੈਂਟ ਸਕੀਮ 2025' ਸ਼ੁਰੂ ਕੀਤੀ ਗਈ ਹੈ, ਜੋ 1 ਅਕਤੂਬਰ ਤੋਂ 31 ਦਸੰਬਰ 2025 ਤੱਕ ਲਾਗੂ ਰਹੇਗੀ। ਇਸ ਸਕੀਮ ਅਧੀਨ ਇੱਕ ਕਰੋੜ ਰੁਪਏ ਤੱਕ ਦੇ ਕੇਸਾਂ ਵਿਚ ਟੈਕਸ ਰਕਮ 'ਤੇ 50 ਫੀਸਦੀ ਛੋਟ ਅਤੇ ਵਿਆਜ-ਜੁਰਮਾਨੇ 'ਤੇ 100 ਫੀਸਦੀ ਮੁਆਫ਼ੀ ਦਿੱਤੀ ਜਾਵੇਗੀ, ਜਦਕਿ ਵੱਡੇ ਕੇਸਾਂ ਵਿਚ 10 ਤੋਂ 25 ਫੀਸਦੀ ਤੱਕ ਛੋਟ ਮਿਲੇਗੀ। ਚੇਅਰਮੈਨ ਠਾਕੁਰ ਨੇ ਕਿਹਾ ਕਿ ਵਪਾਰੀਆਂ ਨੂੰ ਬਿਨਾਂ ਕਿਸੇ ਕਾਰਨ ਤੰਗ ਨਾ ਕੀਤਾ ਜਾਵੇ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕੀਤਾ ਜਾਵੇ। ਉਨ੍ਹਾਂ ਨੇ 'ਬਿੱਲ ਲਿਆਓ, ਇਨਾਮ ਪਾਓ' ਸਕੀਮ ਤਹਿਤ ਲੋਕਾਂ ਨੂੰ ਪੱਕੇ ਬਿੱਲ ਦੀ ਮੰਗ ਕਰਨ ਲਈ ਪ੍ਰੇਰਿਤ ਕਰਨ ਦੀ ਅਪੀਲ ਵੀ ਕੀਤੀ। ਵਪਾਰੀਆਂ ਨੇ ਸਰਕਾਰ ਦੀਆਂ ਉਦਯੋਗ-ਹਿਤੈਸ਼ੀ ਨੀਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਸਾਲ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਪ੍ਰਸ਼ਾਸਨਿਕ ਪਰੇਸ਼ਾਨੀ ਨਹੀਂ ਹੋਈ। ਚੇਅਰਮੈਨ ਠਾਕੁਰ ਨੇ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰੇਗੀ। ਇਸ ਮੌਕੇ ਸਹਾਇਕ ਕਮਿਸ਼ਨਰ ਰਾਜ ਕਰ ਯਾਦਵਿੰਦਰ ਸਿੰਘ, ਪ੍ਰਧਾਨ ਵਪਾਰ ਮੰਡਲ ਜ਼ਿਲ੍ਹਾ ਰੂਪਨਗਰ ਨਵਦੀਪ ਸਿੰਘ ਟੋਨੀ, ਰੋਪੜ ਸ਼ਹਿਰ ਪਰਵਿੰਦਰਪਾਲ ਸਿੰਘ ਬਿੰਟਾ, ਸ੍ਰੀ ਅਨੰਦਪੁਰ ਸਾਹਿਬ ਦੀਪਕ ਆਂਗਰਾ, ਮੋਰਿੰਡਾ ਮਨਜੀਤ ਸਿੰਘ ਭਾਟੀਆ ਸਮੇਤ ਕਈ ਅਧਿਕਾਰੀ ਤੇ ਵਪਾਰੀ ਮੌਜੂਦ ਸਨ।

ਘਰ ਦੇ ਬਾਹਰੋਂ ਕਾਰ ਚੋਰੀ

ਜ਼ੀਰਕਪੁਰ, 28 ਅਕਤੂਬਰ (ਮਨਿੰਦਰ ਸਿੰਘ)-ਪਿੰਡ ਨਾਭਾ ਸਾਹਿਬ 'ਚੋਂ ਚੋਰਾਂ ਨੇ ਇਕ ਘਰ ਦੇ ਬਾਹਰੋਂ ਕਾਰ ਚੋਰੀ ਕਰ ਲਈ। ਚੋਰੀ ਦੀ ਇਹ ਘਟਨਾ ਘਰ ਦੇ ਬਾਹਰ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਵਿਚ ਕੈਦ ਹੋ ਗਈ। ਕਾਰ ਮਾਲਕ ਜਸਵੀਰ ਸਿੰਘ ਨੇ ਦੱਸਿਆ ਕਿ ਉਸ ਨੇ ਆਪਣੀ ਸਵਿਫਟ ਕਾਰ ਰਾਤ ਦੇ 11 ਵਜੇ ਦੇ ਕਰੀਬ ਆਪਣੇ ਘਰ ਦੇ ਨੇੜੇ ਖੜ੍ਹੀ ਕੀਤੀ ਸੀ ਅਤੇ ਜਦੋਂ ਸਵੇਰੇ ਕਰੀਬ 5 ਵਜੇ ਉਹ ਘਰ ਤੋਂ ਬਾਹਰ ਆਇਆ ਤਾਂ ਉਸ ਦੀ ਕਾਰ ਆਪਣੀ ਥਾਂ ਤੋਂ ਗਾਇਬ ਸੀ। ਉਸ ਨੇ ਤੁਰੰਤ ਜਦੋਂ ਨੇੜੇ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਦੀ ਜਾਂਚ ਕੀਤੀ ਤਾਂ ਉਸ 'ਚ ਦਿਖਾਈ ਦਿੱਤਾ ਕਿ ਤਿੰਨ ਨੌਜਵਾਨ, ਜਿਨ੍ਹਾਂ ਦੇ ਚਿਹਰੇ ਕੱਪੜੇ ਨਾਲ ਢਕੇ ਹੋਏ ਸਨ, ਕਾਰ ਦੇ ਆਲੇ-ਦੁਆਲੇ ਘੁੰਮ ਰਹੇ ਸਨ। ਉਨ੍ਹਾਂ ਨੇ ਕੁਝ ਦੇਰ ਲਈ ਰੇਕੀ ਕੀਤੀ ਤੇ ਫ਼ਿਰ ਸਵੇਰੇ 3 ਵਜੇ ਦੇ ਕਰੀਬ ਕਾਰ ਚੋਰੀ ਕਰ ਲਈ। ਘਟਨਾ ਤੋਂ ਬਾਅਦ ਜਸਵੀਰ ਸਿੰਘ ਨੇ ਤੁਰੰਤ ਸਥਾਨਕ ਪੁਲਿਸ ਨੂੰ ਸੂਚਿਤ ਕੀਤਾ। ਪੁਲਿਸ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁਟੇਜ਼ ਦੇ ਆਧਾਰ 'ਤੇ ਚੋਰਾਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਸਥਾਨਕ ਵਸਨੀਕਾਂ ਦਾ ਕਹਿਣਾ ਹੈ ਕਿ ਹਾਲ ਹੀ ਵਿਚ ਉਨ੍ਹਾਂ ਦੇ ਖੇਤਰ ਵਿਚ ਚੋਰੀ ਦੀਆਂ ਘਟਨਾਵਾਂ 'ਚ ਕਾਫ਼ੀ ਵਾਧਾ ਹੋਇਆ ਹੈ।

'ਨਸ਼ਾ ਮੁਕਤੀ ਯਾਤਰਾ' ਮੁਹਿੰਮ ਦੀ ਪ੍ਰਗਤੀ ਦੀ ਸਮੀਖਿਆ ਕਰਦੇ ਹੋਏ ਡੀ. ਸੀ. ਕੋਮਲ ਮਿੱਤਲ ਤੇ ਐੱਸ. ਐੱਸ. ਪੀ. ਹਰਮਨਦੀਪ ਸਿੰਘ ਹਾਂਸ। ਅਜੀਤ ਤਸਵੀਰ

ਡੀ. ਸੀ. ਤੇ ਐੱਸ. ਐੱਸ. ਪੀ. ਨੇ ਮੀਟਿੰਗ ਦੌਰਾਨ 'ਨਸ਼ਾ ਮੁਕਤੀ ਯਾਤਰਾ' ਮੁਹਿੰਮ ਦੀ ਪ੍ਰਗਤੀ ਦੀ ਕੀਤੀ ਸਮੀਖਿਆ

ਕਿਹਾ, 6 ਤੇ 7 ਨਵੰਬਰ ਨੂੰ ਪਿੰਡ/ਵਾਰਡ ਰੱਖਿਆ ਕਮੇਟੀ ਦੇ ਮੈਂਬਰਾਂ ਲਈ ਲਗਾਏ ਜਾਣਗੇ ਸਿਖ਼ਲਾਈ ਕੈਂਪ

ਐੱਸ. ਏ. ਐੱਸ. ਨਗਰ, 28 ਅਕਤੂਬਰ (ਕਪਿਲ ਵਧਵਾ)-ਸੂਬੇ 'ਚ ਚੱਲ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਐੱਸ. ਐੱਸ. ਪੀ. ਹਰਮਨਦੀਪ ਸਿੰਘ ਹਾਂਸ ਵਲੋਂ ਸਾਂਝੇ ਤੌਰ 'ਤੇ ਜ਼ਿਲ੍ਹੇ 'ਚੋਂ ਨਸ਼ਿਆਂ ਦੀ ਅਲਾਮਤ ਨੂੰ ਖ਼ਤਮ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਨਸ਼ਾ ਮੁਕਤੀ ਯਾਤਰਾ' ਅਤੇ ਸਮਾਜਿਕ ਲਾਮਬੰਦੀ ਪਹਿਲਕਦਮੀਆਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਡੀ. ਸੀ. ਮਿੱਤਲ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਹੁਣ ਤੱਕ ਲਗਭਗ ਸਾਰੇ ਪਿੰਡਾਂ ਤੇ ਵਾਰਡਾਂ ਨੂੰ ਜਾਗਰੂਕ ਕਰ ਚੁੱਕੀ ਹੈ, ਜਦਕਿ ਦੂਜੇ ਪੜਾਅ 'ਚ ਪਿੰਡ ਅਤੇ ਵਾਰਡ ਰੱਖਿਆ ਕਮੇਟੀਆਂ ਦੇ ਗਠਨ ਦਾ ਕੰਮ ਮੁਕੰਮਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਯਾਤਰਾ ਦਾ ਅਗਲਾ ਪੜਾਅ ਨਵੰਬਰ ਤੋਂ ਸ਼ੁਰੂ ਹੋਣ ਜਾ ਰਿਹਾ ਹੈ, ਜਿਸ ਦੌਰਾਨ ਰੱਖਿਆ ਕਮੇਟੀ ਮੈਂਬਰਾਂ ਲਈ ਸਿਖਲਾਈ ਸੈਸ਼ਨ ਕਰਵਾਏ ਜਾਣਗੇ ਤਾਂ ਜੋ ਮੈਂਬਰਾਂ ਨੂੰ ਉਨ੍ਹਾਂ ਦੀਆਂ ਭੂਮਿਕਾਵਾਂ ਅਤੇ ਜ਼ਿੰਮੇਵਾਰੀਆਂ ਬਾਰੇ ਗਿਆਨ ਦਿੱਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ 'ਚ 6 ਅਤੇ 7 ਨਵੰਬਰ ਨੂੰ ਸਿਖਲਾਈ ਕੈਂਪ ਲਗਾਏ ਜਾਣਗੇ, ਜਿਸ ਦੌਰਾਨ ਰੋਜ਼ਾਨਾ ਸਵੇਰੇ ਤੇ ਦੁਪਹਿਰ ਵੇਲੇ ਦੋ ਸੈਸ਼ਨ ਕਰਵਾਏ ਜਾਣਗੇ। ਇਸੇ ਦੌਰਾਨ ਐੱਸ. ਐੱਸ. ਪੀ. ਹਰਮਨਦੀਪ ਸਿੰਘ ਹਾਂਸ ਨੇ ਦੁਹਰਾਇਆ ਕਿ ਪੁਲਿਸ ਨਸ਼ਾ ਵਿਰੋਧੀ ਮਿਸ਼ਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਕਈ ਨਸ਼ਾ ਪੀੜਤਾਂ ਨੂੰ ਸੈਕਟਰ-66 ਦੇ ਸਰਕਾਰੀ ਨਸ਼ਾ ਮੁਕਤੀ ਕੇਂਦਰ 'ਚ ਦਾਖ਼ਲ ਕਰਵਾਇਆ ਗਿਆ ਹੈ, ਜਦਕਿ ਹੋਰ ਆਊਟ-ਪੇਸ਼ੈਂਟ ਓਪੀਓਇਡ ਅਸਿਸਟਡ ਟਰੀਟਮੈਂਟ (ਓਟ) ਸੈਂਟਰਾਂ ਰਾਹੀਂ ਇਲਾਜ ਪ੍ਰਾਪਤ ਕਰ ਰਹੇ ਹਨ। ਉਨ੍ਹਾਂ ਸਾਰੇ ਡੀ. ਐਸ. ਪੀ. ਨੂੰ ਹਦਾਇਤ ਕੀਤੀ ਕਿ ਉਹ ਮੁੱਖ ਮੰਤਰੀ ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਨਸ਼ਾ ਮੁਕਤ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਸਥਾਨਕ ਕਮੇਟੀਆਂ ਨੂੰ ਪੂਰਨ ਸਹਿਯੋਗ ਦੇਣ। ਇਸ ਮੌਕੇ ਏ. ਡੀ. ਸੀ. (ਪੇਂਡੂ ਵਿਕਾਸ) ਸੋਨਮ ਚੌਧਰੀ, ਐੱਸ. ਡੀ. ਐੱਮ. ਮੁਹਾਲੀ ਦਮਨਦੀਪ ਕੌਰ, ਐੱਸ. ਡੀ. ਐੱਮ. ਖਰੜ ਦਿਵਿਆ ਪੀ, ਐੱਸ. ਡੀ. ਐੱਮ. ਡੇਰਾਬੱਸੀ ਅਮਿਤ ਗੁਪਤਾ, ਐੱਸ. ਪੀ. ਦੀਪਿਕਾ ਸਿੰਘ, ਡੀ. ਐੱਸ. ਪੀ. ਪ੍ਰਿਥਵੀ ਸਿੰਘ ਚਾਹਲ, ਡੀ. ਐੱਸ. ਪੀ. ਸਿਟੀ-2 ਹਰਸਿਮਰਨ ਸਿੰਘ ਬੱਲ, ਡੀ. ਐੱਸ. ਪੀ.ਕਰਨ ਸਿੰਘ ਸੰਧੂ, ਡੀ. ਐੱਸ. ਪੀ. ਵਿਕਰਮਜੀਤ ਸਿੰਘ ਬਰਾੜ, ਡੀ. ਐੱਸ. ਪੀ. ਨਵੀਨ ਪਾਲ ਸਿੰਘ ਲਹਿਲ ਤੇ ਰਾਜੇਸ਼ ਹਸਤੀਰ ਆਦਿ ਹਾਜ਼ਰ ਸਨ।

ਲੜਕੀ ਨੂੰ ਅਗਵਾ ਕਰਨ ਦੇ ਦੋਸ਼ 'ਚ ਮਾਮਲਾ ਦਰਜ

ਡੇਰਾਬੱਸੀ, 28 ਅਕਤੂਬਰ (ਰਣਬੀਰ ਸਿੰਘ ਪੜ੍ਹੀ)-ਡੇਰਾਬੱਸੀ ਬਲਾਕ ਦੇ ਇਕ ਪਿੰਡ ਦੀ ਨਾਬਾਲਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਅਗਵਾ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਿਸ ਨੇ ਇਸ ਮਾਮਲੇ ਵਿਚ ਪਰਿਵਾਰ ਦੇ ਬਿਆਨਾਂ ਦੇ ਅਧਾਰ '